**ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਿਟੀ (ਪੁੱਡਾ) ਦੀ ਮਿਤੀ 17.06.2011 ਹੋਈ 44ਵੀਂ ਮੀਟਿੰਗ ਦੀ ਕਾਰਵਾਈ ।**

ਮਿਤੀ 17.06.2011 ਨੂੰ ਮੁੱਖ ਮੰਤਰੀ ਪੰਜਾਬ-ਕਮ-ਚੇਅਰਮੈਨ, ਪੁੱਡਾ ਸ਼੍ਰੀ ਪਰਕਾਸ਼ ਸਿੰਘ ਬਾਦਲ ਜੀ ਦੀ ਪ੍ਰਧਾਨਗੀ ਹੇਠ ਅਥਾਰਿਟੀ ਦੀ 44ਵੀਂ ਮੀਟਿੰਗ ਹੋਈ, ਜਿਸ ਵਿੱਚ ਹੇਠ ਲਿਖੇ ਅਨੁਸਾਰ ਮੈਂਬਰਾਂ ਨੇ ਵੀ ਭਾਗ ਲਿਆ:-

| **ਲੜੀ ਨੰ** | **ਅਧਿਕਾਰੀ ਦਾ ਨਾਮ ਅਤੇ ਅਹੁਦਾ** | **ਅਹੁਦਾ** |
|---|---|---|
| 1. | ਸ਼੍ਰੀ ਐਸ. ਸੀ. ਅਗਰਵਾਲ, ਆਈ.ਏ.ਐਸ.<br>ਮੁੱਖ ਸਕੱਤਰ, ਪੰਜਾਬ । | ਵਿਸ਼ੇਸ਼ ਮਹਿਮਾਨ |
| 2. | ਸ਼੍ਰੀ ਕੇ.ਬੀ.ਐਸ. ਸਿੱਧੂ, ਆਈ.ਏ.ਐਸ.<br>ਪ੍ਰਮੁੱਖ ਸਕੱਤਰ (ਵਿੱਤ), ਪੰਜਾਬ | ਮੈਂਬਰ |
| 3. | ਡਾ. ਐਸ.ਐਸ. ਸੰਧੂ, ਆਈ.ਏ.ਐਸ.<br>ਸਕੱਤਰ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ, ਪੰਜਾਬ-ਕਮ- ਵਾਈਸ ਚੇਅਰਮੈਨ, ਪੁੱਡਾ। | ਮੈਂਬਰ |
| 4. | ਸ਼੍ਰੀ ਐਸ.ਐਸ. ਰਾਜਪੂਤ, ਆਈ.ਏ.ਐਸ.<br>ਸਕੱਤਰ, ਸਥਾਨਕ ਸਰਕਾਰ, ਪੰਜਾਬ, ਚੰਡੀਗੜ੍ਹ । | ਮੈਂਬਰ |
| 5. | ਸ਼੍ਰੀ ਅਰੁਨਜੀਤ ਸਿੰਘ ਮਿਗਲਾਨੀ, ਆਈ.ਏ.ਐਸ.<br>ਮੁੱਖ ਪ੍ਰਸ਼ਾਸਕ, ਪੁੱਡਾ, ਐਸ.ਏ.ਐਸ. ਨਗਰ । | ਮੈਂਬਰ |
| 6. | ਸ਼੍ਰੀ ਕੁਲਦੀਪ ਸਿੰਘ,<br>ਮੁੱਖ ਨਗਰ ਯੋਜਨਾਕਾਰ, ਪੰਜਾਬ, ਚੰਡੀਗੜ੍ਹ । | ਮੈਂਬਰ |

ਮੀਟਿੰਗ ਵਿੱਚ ਹੇਠ ਦਰਸਾਏ ਗਏ ਲੜੀਵਾਰ ਅਜੰਡਾ ਆਈਟਮਾਂ ਅਨੁਸਾਰ ਵਿਚਾਰ ਕੀਤਾ ਗਿਆ ਅਤੇ ਹੇਠ ਲਿਖੇ ਅਨੁਸਾਰ ਫੈਸਲਾ ਕੀਤਾ ਗਿਆ :-

**ਅਜੰਡਾ ਆਈਟਮ ਨੰ: 44.01**

**ਵਿਸ਼ਾ:** **ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਿਟੀ ਦੀ 43ਵੀਂ ਮੀਟਿੰਗ ਦੀ ਕਾਰਵਾਈ ਦੀ ਪੁਸ਼ਟੀ ਕਰਨ ਬਾਰੇ।**

ਅਥਾਰਿਟੀ ਵਲੋਂ ਕਾਰਵਾਈ ਦੀ ਪੁਸ਼ਟੀ ਕੀਤੀ ਗਈ।

**ਅਜੰਡਾ ਆਈਟਮ ਨੰ: 44.02**

**ਵਿਸ਼ਾ:** **ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਿਟੀ ਦੀ ਮਿਤੀ 03.01.2011 ਨੂੰ ਹੋਈ 43ਵੀਂ ਮੀਟਿੰਗ ਵਿਚ ਲਏ ਗਏ ਫੈਸਲਿਆਂ ਅਨੁਸਾਰ ਕੀਤੀ ਗਈ ਕਾਰਵਾਈ ਦਾ ਮੱਦਵਾਰ ਵਿਵਰਣ।**

ਅਥਾਰਿਟੀ ਵਲੋਂ ਨੋਟ ਕੀਤਾ ਗਿਆ ਅਤੇ ਤਸੱਲੀ ਪ੍ਰਗਟਾਈ ਗਈ।

**ਅਜੰਡਾ ਆਈਟਮ ਨੰ: 44.03**

**ਵਿਸ਼ਾ:-** **ਮੁੱਖ ਮੰਤਰੀ ਰਾਹਤ ਕੋਸ਼ ਵਿੱਚ 50.00 ਲੱਖ ਰੁਪਏ ਦੀ ਰਾਸ਼ੀ ਦੀ ਅਦਾਇਗੀ ਦੀ ਕਾਰਜਬਾਅਦ ਪ੍ਰਵਾਨਗੀ ਸਬੰਧੀ।**

ਮੱਦ ਵਿੱਚ ਦਿੱਤੇ ਗਏ ਪ੍ਰਸਤਾਵ ਨੂੰ ਅਥਾਰਿਟੀ ਵਲੋਂ ਕਾਰਜ ਬਾਅਦ ਪ੍ਰਵਾਨਗੀ ਦਿੱਤੀ ਗਈ।

**ਅਜੰਡਾ ਆਈਟਮ ਨੰ: 44.04**

**ਵਿਸ਼ਾ:** **ਓ.ਯੂ.ਵੀ.ਜੀ.ਐਲ. ਸਕੀਮ ਦੇ ਫੰਡਜ਼ ਵਿੱਚੋਂ 50.00 ਕਰੋੜ ਰੁਪਏ ਸਰਕਾਰੀ ਖਜਾਨੇ ਵਿੱਚ ਜਮ੍ਹਾਂ ਕਰਵਾਉਣ ਉਪਰੰਤ ਕਾਰਜਬਾਅਦ ਪ੍ਰਵਾਨਗੀ ਲੈਣ ਸਬੰਧੀ।**

ਮੱਦ ਵਿੱਚ ਦਿੱਤੇ ਗਏ ਪ੍ਰਸਤਾਵ ਨੂੰ ਅਥਾਰਿਟੀ ਵਲੋਂ ਕਾਰਜ ਬਾਅਦ ਪ੍ਰਵਾਨਗੀ ਦਿੱਤੀ ਗਈ।

**ਅਜੰਡਾ ਆਇਟਮ: 44.05**

**ਵਿਸਾ:** **ਪੁੱਡਾ ਦੇ ਰਹਿੰਦੇ ਕਰਮਚਾਰੀਆਂ ਨੂੰ ਰਿਹਾਇਸੀ ਪਲਾਟ ਅਲਾਟ ਕਰਨ ਲਈ ਉਲੀਕੀ ਗਈ ਸਕੀਮ ਦੇ ਬੰਦ ਹੋਣ ਉਪਰੰਤ ਪਿਛਲੀ ਮਿਤੀ ਤੋਂ ਰੈਗੂਲਰ ਕੀਤੇ ਗਏ ਵਰਕ ਚਾਰਜ ਕਰਮਚਾਰੀਆਂ ਤੋਂ ਅਰਜੀਆਂ ਮੰਗਣ ਬਾਰੇ।**

ਮੱਦ ਵਿੱਚ ਦਿੱਤੇ ਗਏ ਪ੍ਰਸਤਾਵ ਨੂੰ ਅਥਾਰਿਟੀ ਵਲੋਂ ਪ੍ਰਵਾਨਗੀ ਦਿੱਤੀ ਗਈ।

**ਅਜੰਡਾ ਆਈਟਮ ਨੰਬਰ: 44.06**

**ਵਿਸ਼ਾ:** **ਸਾਲ 2011-12 ਦੇ ਬਜਟ ਅਨੁਮਾਨ ਅਤੇ ਸਾਲ 2010-11 ਦਾ ਸੋਧਿਆ ਹੋਇਆ ਬਜਟ ਅਨੁਮਾਨ ਸਬੰਧੀ।**

ਅਥਾਰਿਟੀ ਵੱਲੋਂ ਸਾਲ 2011-12 ਦੇ ਬੱਜਟ ਅਨੁਮਾਨ ਅਤੇ ਸਾਲ 2010-11 ਦਾ ਸੋਧਿਆ ਬਜਟ ਅਨੁਮਾਨ ਵਿੱਤ ਤੇ ਲੇਖਾ ਕਮੇਟੀ ਦੀ ਸਿਫਾਰਸ਼ਾਂ ਅਨੁਸਾਰ ਪ੍ਰਵਾਨਗੀ ਦਿੱਤੀ ਗਈ।

ਅਥਾਰਿਟੀ ਵੱਲੋਂ ਮੁੱਖ ਪ੍ਰਸ਼ਾਸਕ ਪੁੱਡਾ ਨੂੰ ਬਜਟ ਅਨੁਮਾਨ ਦੇ ਇਕ ਹੈੱਡ ਤੋਂ ਦੂਜੇ ਹੈੱਡ ਵਿੱਚ ਪੁਨਰ ਨਮਿਤਣ ਲਈ ਅਧਿਕਾਰ ਵੀ ਸੌਂਪੇ ਗਏ।

ਇਸ ਤੋਂ ਇਲਾਵਾ ਪ੍ਰਮੁੱਖ ਸਕੱਤਰ (ਵਿੱਤ) ਪੰਜਾਬ ਸਰਕਾਰ ਨੇ ਕਿਹਾ ਕਿ ਇਨਕੰਮਟੈਕਸ ਸਬੰਧੀ ਜੋ ਕੇਸ ਚਲ ਰਿਹਾ ਹੈ ਉਸ ਕੇਸ ਦੀ ਠੀਕ ਢੰਗ ਨਾਲ ਪੈਰਵੀ ਕੀਤੀ ਜਾਵੇ। ਇਸ ਸਬੰਧੀ ਮੁੱਖ ਪ੍ਰਸ਼ਾਸਕ, ਪੁੱਡਾ ਵੱਲੋਂ ਦੱਸਿਆ ਗਿਆ ਕਿ ਇਸ ਕੇਸ ਵਿੱਚ ਅਪੀਲ ਦਾਇਰ ਕੀਤੀ ਜਾ ਚੁੱਕੀ ਹੈ ਅਤੇ ਇਸ ਦੀ ਗੰਭੀਰਤਾ ਨਾਲ ਪੈਰਵੀ ਕੀਤੀ ਜਾ ਰਹੀ ਹੈ।

ਪ੍ਰਮੁੱਖ ਸਕੱਤਰ (ਵਿੱਤ), ਪੰਜਾਬ ਸਰਕਾਰ ਵੱਲੋਂ ਇਹ ਵੀ ਕਿਹਾ ਗਿਆ ਕਿ ਪਿਮਜ਼ ਸੋਸਾਇਟੀ ਦੀ ਰਕਮ ਨੂੰ ਛੇਤੀ ਰਲੀਜ ਕੀਤਾ ਜਾਵੇ । ਇਸ ਸਬੰਧੀ ਮੁੱਖ ਪ੍ਰਸ਼ਾਸਕ, ਪੁੱਡਾ ਨੇ ਵਿਸ਼ਵਾਸ ਦਿਲਵਾਇਆ ਕਿ ਜਦੋਂ ਵੀ ਮਹਿਕਮੇ ਵੱਲੋਂ ਡਿਮਾਂਡ ਆਵੇਗੀ ਇਹ ਰਕਮ ਰਲੀਜ ਕਰ ਦਿੱਤੀ ਜਾਵੇਗੀ।

***ਸਪਲੀਮੈਂਟਰੀ ਅਜੰਡਾ ਨੰ: 1***

**ਅਜੰਡਾ ਆਈਟਮ ਨੰ: 44.07**

**ਵਿਸ਼ਾ :** **ਨਾਨ ਐਸ.ਏ.ਐਸ / ਵਿਭਾਗੀ ਪ੍ਰੀਖਿਆ ਨਾ ਪਾਸ ਕਰਨ ਵਾਲੇ ਸੀਨੀਅਰ ਸਹਾਇਕ (ਲੇਖਾ) ਨੂੰ ਬਤੌਰ ਭਾਗ ਅਫਸਰ ਤਦ ਅਰਥ ਅਧਾਰ ਤੇ ਪਦ ਉਨਤ ਕਰਨ ਲਈ।**

ਮੱਦ ਵਿੱਚ ਦਿੱਤੇ ਗਏ ਪ੍ਰਸਤਾਵ ਨੂੰ ਅਥਾਰਿਟੀ ਵਲੋਂ ਪ੍ਰਵਾਨਗੀ ਦਿੱਤੀ ਗਈ।

***ਮੀਟਿੰਗ ਧੰਨਵਾਦ ਸਹਿਤ ਖਤਮ ਕੀਤੀ ਗਈ।***

**ਪਰਕਾਸ਼ ਸਿੰਘ ਬਾਦਲ**
**ਮੁੱਖ ਮੰਤਰੀ, ਪੰਜਾਬ-ਕਮ-**
**ਚੇਅਰਮੈਨ, ਪੁੱਡਾ।**